ਪੰਜਾਬ ਸਰਕਾਰ

ਸਕੂਲ ਸਿੱਖਿਆ ਵਿਭਾਗ

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.)

ਸਮੂਹ ਸਕੂਲ ਮੁੱਖੀ, (ਪ੍ਰਾਇਮਰੀ, ਮਿਡਲ,ਹਾਈ,ਸੀਨੀਅਰ ਸੈਕੰਡਰੀ)

ਪੰਜਾਬ।

ਮੀਮੋ ਨੰਬਰ DPISE-SEDU0GEN/2/2021-SECONDARY EDUCATION/2021118059

ਮਿਤੀ: ਸ.ਅ.ਸ.ਨਗਰ, 1/4/2021

ਵਿਸ਼ਾ:- ਸਰਕਾਰੀ ਸਕੂਲਾਂ ਵਿੱਚ ਦਾਖਲੇ ਸਬੰਧੀ।

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਮਿਤੀ 31-03-2021 ਨੂੰ ਹੋਈ ਹਫਤਾਵਾਰੀ ਮੀਟਿੰਗ ਵਿੱਚ ਜਿਲ੍ਹਾ ਸਿੱਖਿਆ ਅਫਸਰਾਂ ਅਤੇ ਬਲਾਕ ਨੋਡਲ ਅਫਸਰਾਂ ਦੁਆਰਾ ਦਾਖਲਿਆਂ ਸਬੰਧੀ ਪੇਸ਼ ਆ ਰਹੀਆਂ ਮੁਸ਼ਕਿਲਾਂ ਬਾਰੇ ਦੱਸਿਆ ਗਿਆ। ਇਸ ਸਬੰਧੀ ਹੇਠ ਲਿਖੇ ਅਨੁਸਾਰ ਸਥਿਤੀ ਸਪਸ਼ਟ ਕੀਤੀ ਜਾਂਦੀ ਹੈ:-

ੳ) RTE ਐਕਟ 2009 ਤਹਿਤ ਵਿਦਿਆਰਥੀ ਦੀ ਉਮਰ ਅਨੁਸਾਰ ਪਹਿਲੀ ਜਮਾਤ ਤੋਂ ਅੱਠਵੀਂ ਜਮਾਤ ਤੱਕ ਦਾਖਲਾ ਦਿੱਤਾ ਜਾਵੇ।

ਅ) ਕਿਸੇ ਵੀ ਵਿਦਿਆਰਥੀ ਨੂੰ ਕਿਸੇ ਕਿਸਮ ਦੇ ਦਸਤਾਵੇਜ਼ਾਂ ਦੀ ਕਮੀ ਦੇ ਆਧਾਰ ਤੇ ਦਾਖਲੇ ਤੋਂ ਇਨਕਾਰ ਨਾ ਕੀਤਾ ਜਾਵੇ।

ੲ) ਜੇਕਰ ਕੋਈ ਵਿਦਿਆਰਥੀ ਪ੍ਰਾਈਵੇਟ ਸਕੂਲ ਤੋਂ ਸਰਕਾਰੀ ਸਕੂਲ ਵਿੱਚ ਦਾਖਲ ਹੁੰਦਾ ਹੈ ਤਾਂ ਵਿਦਿਆਰਥੀ ਤੋਂ ਟ੍ਰਾਂਸਫਰ ਸਰਟੀਫਿਕੇਟ ਲੈਣ ਦੀ ਕੋਈ ਲੋੜ ਨਹੀਂ ਹੈ। ਸਕੂਲ ਮੁੱਖੀ ਤਸੱਲੀ ਅਨੁਸਾਰ ਐਸੇ ਵਿਦਿਆਰਥੀਆਂ ਨੂੰ ਦਾਖਲਾ ਦੇ ਸਕਦੇ ਹਨ, ਪ੍ਰੰਤੂ ਸਬੰਧਤ ਵਿਦਿਆਰਥੀ ਦੇ ਮਾਪਿਆਂ ਤੋਂ ਬੱਚੇ ਦੇ ਸਰਕਾਰੀ ਸਕੂਲ ਵਿੱਚ ਪੜ੍ਹਾਈ ਸਬੰਧੀ ਲਿਖਤੀ ਵਿੱਚ ਲੈ ਲਿਆ ਜਾਵੇ।

ਸ) ਵਿਦਿਆਰਥੀਆਂ ਦਾ ਆਧਾਰ ਕਾਰਡ ਨਾ ਹੋਣ ਦੀ ਸੂਰਤ ਵਿੱਚ ਵੀ ਵਿਦਿਆਰਥੀ ਨੂੰ ਸਕੂਲ ਵਿੱਚ ਦਾਖਲ ਕਰ ਲਿਆ ਜਾਵੇ ਅਤੇ ਦਾਖਲੇ ਤੋਂ ਬਾਅਦ ਉਸ ਦਾ ਆਧਾਰ ਕਾਰਡ ਬਣਵਾ ਲਿਆ ਜਾਵੇ।

ਹ) ਕੁਝ ਵਿਦਿਆਰਥੀਆਂ ਕੋਲ ਆਪਣਾ ਜਨਮ ਸਰਟੀਫਿਕੇਟ ਨਹੀਂ ਹੈ, ਪਰ ਉਹ ਵਿਦਿਆਰਥੀ ਸਕੂਲਾਂ ਵਿੱਚ ਦਾਖਲਾ ਲੈਣਾ ਚਾਹੁੰਦੇ ਹਨ, ਇਸ ਸਬੰਧ ਵਿੱਚ ਸਪਸ਼ਟ ਕੀਤਾ ਜਾਂਦਾ ਹੈ ਕਿ ਅਜਿਹੇ ਵਿਦਿਆਰਥੀਆਂ ਨੂੰ ਮੌਕੇ ਤੇ ਜਨਮ ਸਰਟੀਫਿਕੇਟ ਦੇਣ ਲਈ ਮਜਬੂਰ ਨਾ ਕੀਤਾ ਜਾਵੇ। ਇਹਨਾਂ ਦਾ ਦਾਖਲਾ ਪ੍ਰੋਵੀਜ਼ਨਲ ਆਧਾਰ ਤੇ ਕਰ ਲਿਆ ਜਾਵੇ ਅਤੇ ਬਾਅਦ ਵਿੱਚ ਜਨਮ ਸਰਟੀਫਿਕੇਟ ਲੈ ਲਿਆ ਜਾਵੇ।

ਕ) ਨੌਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਦਾਖਲੇ ਸਬੰਧੀ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਜਾਰੀ ਵਿਦਿਆਰਥੀਆਂ ਦੇ ਰਜਿਸਟਰੇਸ਼ਨ ਨੰਬਰ ਦੀ ਮੰਗ ਨਾ ਕੀਤੀ ਜਾਵੇ। ਇਸ ਸਬੰਧੀ ਈ-ਪੰਜਾਬ ਪੋਰਟਲ ਤੇ ਜਲਦ ਹੀ ਸੋਧ ਕਰ ਦਿੱਤੀ ਜਾਵੇਗੀ।

3.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਦਫਤਰ ਜਿਲ੍ਹਾ ਸਿਖਿਆ ਅਫਸਰ, ਜਲੰਧਰ

ਪਿਠ ਅੰਕਣ ਨੰ. ਸੀ-2/2021118690

ਮਿਤੀ ਜਲੰਧਰ 5.4.2021

ਸਕੱਤਰ, ਸਕੂਲ ਸਿੱਖਿਆ

ਜ਼ਿਲ੍ਹਾ ਸਿਖਿਆ ਅਫਸਰ (ਸ.ਸ.)

ਜਲੰਧਰ